ADDL. CHIEF ADMINISTRATOR-CUM-ELECTORAL REGISTRATION OFFICER
-093-BATHINDA(RURAL)(SC), Zila Parshid Bhawan, 2nd Floor,
Cabin No.213-214 BATHINDA
Phone/Fax No. 0164-2241949
email:: erobathindarural93@gmail.com

ਜ਼ਿੰਮੇਵਾਰ ਬਣੋ, ਵੋਟਰ ਬਣੋ

ਜ਼ਿੰਮੇਵਾਰ ਬਣੋ, ਵੋਟਰ ਬਣੋ

ਨੰਬਰ ਚਸ/2022/ 316

ਮਿਤੀ 1/12/22

ਵੱਲ

ਜਿਲਾ ਸਿਖਿਆ ਅਫਸਰ(ਸੈਕੰਡਰੀ) ਬਠਿੰਡਾ।
ਜਿਲਾ ਸਿਖਿਆ ਅਫਸਰ(ਐਲੀ ਸਿ)ਬਠਿੰਡਾ।

ਵਿਸ਼ਾ: ਮਿਤੀ 01.01.2023 ਨੂੰ ਯੋਗਤਾ ਦੇ ਅਧਾਰ ਤੇ ਵੋਟਰ ਸੂਚੀਆਂ ਦੀ ਸੁਧਾਈ ਸੰਬਧੀ ਮਿਤੀ 03.12.2022 ਅਤੇ 04.12.2022 ਸਕੂਲਾਂ ਨੂੰ ਖੁਲਿਆ ਰੱਖਣ ਬਾਰੇ।

ਉਪਰੋਕਤ ਵਿਸ਼ੇ ਤੇ ਭਾਰਤ ਚੋਣ ਕਮਿਸਨ, ਨਵੀ ਦਿਲੀ ਦੀਆਂ ਹਦਾਇਤਾਂ ਅਨੁਸਾਰ 093 ਬਠਿੰਡਾ ਦਿਹਾਤੀ ਵਿਧਾਨ ਸਭਾ ਹਲਕੇ ਦੀਆਂ ਵੋਟਰ ਸੂਚੀਆਂ ਦੀ ਸੁਧਾਈ ਨੂੰ ਮੁਖ ਰੱਖਦਿਆਂ ਮਿਤੀ 1-1-2023 ਨੂੰ ਯੋਗਤਾ ਮਿਤੀ ਦੇ ਆਧਾਰ ਤੇ ਵੋਟਰਾਂ ਨੂੰ ਬੀ.ਐਲ.ਓ ਵੱਲੋਂ ਅਧਾਰ ਕਾਰਡ ਨਾਲ ਲਿੰਕ ਕੀਤਾ ਜਾਣਾ ਹੈ ਅਤੇ ਮਿਤੀ 03.12.2022 ਅਤੇ 04.12.2022 ਨੂੰ ਸਵੇਰੇ 10.00 ਵਜੇ ਤੋਂ ਸ਼ਾਮ 4.00 ਜੇ ਤੱਕ ਆਪੋ ਆਪਣੇ ਪੋਲਿੰਗ ਬੂਥਾ ਤੇ ਸਪੈਸ਼ਲ ਕੈਂਪ ਲਗਾਇਆ ਜਾ ਰਿਹਾ ਹੈ। ਇਸ ਲਈ ਸਮੂਹ ਸਕੂਲਾਂ ਦੇ ਮੁੱਖੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣ ਕਿ ਉਕਤ ਮਿਤੀ ਨੂੰ ਛੁੱਟੀ ਵਾਲੇ ਦਿਨ ਸਕੂਲਾਂ ਨੂੰ ਖੁੱਲਿਆਂ ਰੱਖਣ ਲਈ ਕਰਮਚਾਰੀਆਂ ਦੀ ਡਿਊਟੀ ਲਗਾ ਦਿੱਤੀ ਜਾਵੇ। ਇਸ ਤੋਂ ਇਲਾਵਾ ਸਕੂਲਾਂ ਦੇ ਮੁੱਖੀਆਂ ਨੂੰ ਲੋੜੀਦਾ ਫਰਨੀਚਰ ਆਦਿ ਮੁਹੱਈਆ ਕਰਵਾਉਣ ਲਈ ਹਦਾਇਤ ਕੀਤੀ ਜਾਵੇ, ਤਾਂ ਜੋ ਬੀ.ਐਲ.ਓਜ ਨੂੰ ਕਿਸੇ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਕਿਸੇ ਕਿਸਮ ਦੀ ਅਣਗਹਿਲੀ ਕਰਨ ਦੀ ਸੂਰਤ ਵਿਚ ਲੋਕ ਪ੍ਰਤੀਨਿਧਤਾ ਐਕਟ 1951 ਦੀ ਧਾਰਾ 32 ਤਹਿਤ ਅਨੁਸ਼ਾਸ਼ਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਨ੍ਹਾਂ ਹਦਾਇਤਾਂ ਦੀ ਇਨ-ਬਿਨ ਪਾਲਣਾਂ ਕਰਨੀ ਯਕੀਨੀ ਬਣਾਈ ਜਾਵੇ ਅਤੇ ਇਹ ਹਦਾਇਤਾਂ ਸਮੂਹ ਸਕੂਲਾਂ ਦੇ ਮੁੱਖੀਆਂ/ਫੀਲਡ ਅਫਸਰਾਂ ਨੂੰ ਤੁਰੰਤ ਲੋੜੀਦੀ ਕਾਰਵਾਈ ਲਈ ਭੇਜੀਆਂ ਜਾਣ।

ਚੋਣਕਾਰ ਰਜਿਸਟਰੇਸ਼ਨ ਅਫਸਰ
93-ਬਠਿੰਡਾ ਦਿਹਾਤੀ ਵਿਧਾਨ ਸਭਾ ਹਲਕਾ

ਪਿਠਅੰਕਣ ਨੰਬਰ ਚਸ/2022/317

ਮਿਤੀ 1/12/22

ਇਸ ਦਾ ਇਕ ਉਤਾਰਾ

1 ਜਿਲ੍ਹਾ ਚੋਣ ਅਫਸਰ ਬਠਿੰਡਾ ਜੀ ਨੂੰ ਸੂਚਨਾਂ ਹਿਤ ਭੇਜਿਆ ਜਾਂਦਾ ਹੈ।
2 ਸਮੂਹ ਸੁਪਰਵਾਈਜਰਾਂ ਨੂੰ ਬੇਨਤੀ ਹੈ ਕਿ ਮਿਤੀ 16.10.2022 ਨੂੰ ਬੀ ਐਲ ਓਜ ਨੂੰ ਪੋਲਿੰਗ ਬੂਥ ਤੇ ਬੈਠਣਾਂ ਯਕੀਨੀ ਬਣਾਇਆ ਜਾਵੇ ਅਤੇ ਬਕਾਇਦਾ ਨਿਜੀ ਤੌਰ ਤੇ ਬੂਥਾਂ ਦੀ ਚੈਕਿੰਗ ਕੀਤੀ ਜਾਵੇ ਅਤੇ ਮਿਤੀ 03.12.2022 ਅਤੇ 04.12.2022 ਨੂੰ ਪ੍ਰਾਪਤ ਕੀਤੇ/ਲਿੰਕ ਕੀਤੇ ਆਧਾਰ ਕਾਰਡਾਂ ਰਿਪੋਰਟ ਨਾਲ ਨੱਥੀ ਪ੍ਰੋਫਾਰਮੇ ਵਿਚ ਇਸ ਦਫਤਰ ਨੂੰ ਮਿਤੀ 05.12.2022 ਨੂੰ ਸਵੇਰੇ 10-00 ਵਜੇ ਬੂਥ ਵਾਈਜ਼ ਭੇਜੀ ਜਾਣੀ ਯਕੀਨੀ ਬਣਾਈ ਜਾਵੇ।

ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਬਠਿੰਡਾ
ਪੱਤਰ ਨੰ. ਈ-4/1/2022/168 ਮਿਤੀ 1/12/2022

ਚੋਣਕਾਰ ਰਜਿਸਟਰੇਸਨ ਅਫਸਰ
093-ਬਠਿੰਡਾ ਦਿਹਾਤੀ ਵਿਧਾਨ ਸਭਾ ਹਲਕਾ

ਉਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਪੱਤਰ ਦੀ ਇੰਨ ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਬਠਿੰਡਾ

Scanned with CamScanner